# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-02-2025**

- ਭਾਜਪਾ, 27 ਸਾਲਾਂ ਬਾਅਦ ਦਿੱਲੀ ਵਿੱਚ ਸਰਕਾਰ ਬਣਾਉਣ ਵਲ ਵਧ ਰਹੀ ਏ.
- ਪੰਜਾਬ ਦੇ ਰਹਿਣ ਵਾਲੇ ਭਾਰਤੀ ਨਾਗਰਿਕਾਂ ਦੀ ਅਮਰੀਕਾ ਤੋਂ ਵਤਨ ਵਾਪਸੀ ਤੋਂ ਬਾਅਦ ਪੈਦਾ ਹੋਏ ਗੈਰ-ਕਾਨੂੰਨੀ ਮਨੁੱਖੀ ਤਸਕਰੀ ਤੇ ਗੈਰ-ਕਾਨੂੰਨੀ ਪ੍ਰਵਾਸ ਦੇ ਮੁੱਦੇ ਦੀ ਢੁੱਕਵੀਂ ਜਾਂਚ ਲਈ ਪੰਜਾਬ ਪੁਲਿਸ ਨੇ ਚਾਰ ਮੈਂਬਰੀ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਏ।
- ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਨਗਰ ਨਿਗਮਾਂ ਦੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਲਈ ਫੰਡਾਂ ਨੂੰ ਤੁਰੰਤ ਇਸਤੇਮਾਲ ਦੇ ਦਿੱਤੇ ਨਿਰਦੇਸ਼.
- ਨੇਵਾ’ ਪ੍ਰੋਜੈਕਟ ਦੀ ਸ਼ੁਰੂਆਤ ਨਾਲ ਪੰਜਾਬ ਵਿਧਾਨ ਸਭਾ ਹੋਈ ਕਾਗਜ਼ ਰਹਿਤ :

- ਫਾਜ਼ਿਲਕਾ ਜ਼ਿਲ੍ਹੇ ਦੇ, ਗ੍ਰੀਨ ਸਕੂਲ ਪ੍ਰੋਗਰਾਮ ਦੇ ਮਾਪਦੰਡ ਪੂਰੇ ਕਰਨ ਵਾਲੇ, 11 ਸਰਕਾਰੀ ਸਕੂਲ, ਦਿੱਲੀ ਵਿਖੇ ਐਵਾਰਡ ਨਾਲ ਸਨਮਾਨਿਤ ਹੋਏ.

---------------------------------------------------

ਭਾਰਤੀ ਜਨਤਾ ਪਾਰਟੀ, 27 ਸਾਲਾਂ ਬਾਅਦ, ਦਿੱਲੀ 'ਚ ਸਰਕਾਰ ਬਣਾਉਣ ਜਾ ਰਹੀ ਏ. ਇਸਨੇ ਆਮ ਆਦਮੀ ਪਾਰਟੀ ਨੂੰ ਹਰਾ ਕੇ ਕਰੀਬ ਦੋ – ਤਿਹਾਈ ਬਹੁਮਤ ਹਾਸਿਲ ਕੀਤਾ ਏ. 70 ਮੈਂਬਰੀ ਦਿੱਲੀ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਦੀ ਤਾਜ਼ਾ ਸਥਿਤੀ ਮੁਤਾਬਿਕ, ਹੁਣ ਤਕ 60 ਨਤੀਜੇ ਐਲਾਨੇ ਗਏ ਨੇ. ਭਾਜਪਾ ਨੇ 40 ਸੀਟਾਂ ਜਿੱਤੀਆਂ ਨੇ ਅਤੇ 8 ਸੀਟਾਂ 'ਤੇ ਉਸਦੇ ਉਮੀਦਵਾਰ ਅੱਗੇ ਚਲ ਰਹੇ ਨੇ. ਆਮ ਆਦਮੀ ਪਾਰਟੀ ਨੂੰ ਹੁਣ ਤਕ 20 ਸੀਟਾਂ ਮਿਲੀਆਂ ਨੇ ਅਤੇ 2 ਸੀਟਾਂ 'ਤੇ ਇਸਦੇ ਉਮੀਦਵਾਰ ਅੱਗੇ ਚਲ ਰਹੇ ਨੇ. BJP ਦੇ ਪ੍ਰਮੁਖ ਜੇਤੂਆਂ 'ਚ ਨਵੀਂ ਦਿੱਲੀ ਤੋਂ ਪ੍ਰਵੇਸ਼ ਸਾਹਿਬ ਸਿੰਘ, ਜੰਗਪੂਰਾ ਤੋਂ ਤਰਵਿੰਦਰ ਸਿੰਘ ਮਰਵਾਹਾ, ਰੋਹਿਣੀ ਤੋਂ ਵਿਜੇਂਦਰ ਗੁਪਤਾ, ਕ੍ਰਾਵ੍ਲ ਨਗਰ ਤੋਂ ਕਪਿਲ MISHRA, ਰਾਜੌਰੀ ਗਾਰਡਨ ਤੋਂ ਮਨਜਿੰਦਰ ਸਿੰਘ ਸਿਰਸਾ, ਗਾਂਧੀ ਨਗਰ ਤੋਂ ਅਰਵਿੰਦਰ ਸਿੰਘ ਲਵਲੀ, ਬਿਜਵਾਸਨ ਤੋਂ ਕੈਲਾਸ਼ ਗਹਿਲੋਤ, ਗ੍ਰੇਟਰ ਕੈਲਾਸ਼ ਤੋਂ ਸ਼ਿਖਾ ਰਾਏ, ਸ਼ਾਮਿਲ ਨੇ। ਆਮ ਆਦਮੀ ਪਾਰਟੀ ਦੇ

ਮੁਖ ਜੇਤੂਆਂ ‘ਚ ਕਾਲਕਾਜੀ ਤੋਂ ਮੁਖਮੰਤਰੀ ਆਤਿਸ਼ੀ , ਸਦਰ ਬਜ਼ਾਰ ਤੋਂ ਸੋਮ ਦੱਤ, ਤੇ ਤਿਲਕ ਨਗਰ ਸੀਟ ਤੋਂ ਜਰਨੈਲ ਸਿੰਘ ਸ਼ਾਮਿਲ ਨੇ. ।

ਹਾਰਨ ਵਾਲੇ ਪ੍ਰਮੁਖ ਨੇਤਾਵਾਂ ‘ਚ ਆਮ ਆਦਮੀ ਪਾਰਟੀ ਦੇ ਸਾਬਕਾ ਮੁਖ ਮੰਤਰੀ ਅਰਵਿੰਦਰ ਕੇਜਰੀਵਾਲ, ਮਨੀਸ਼ ਸਿਸੋਦੀਆ, SATYENDRA JAIN, ਭਾਜਪਾ ਦੇ ਰਮੇਸ਼ ਬਿਧੂੜੀ ਅਤੇ ਕਾਂਗ੍ਰੇਸ ਦੇ ਸੰਦੀਪ ਦੀਕਸ਼ਿਤ ਸ਼ਾਮਿਲ ਨੇ।

---

ਪ੍ਰਧਾਨ ਮੰਤਰੀ ਨਰੇਂਦੇਰ ਮੋਦੀ ਨੇ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਦਿੱਤੇ ਗਏ ਫਤਵੇ ਲਈ ਦਿੱਲੀ ਦੇ ਲੋਕਾਂ ਦਾ ਧੰਨਵਾਦ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਪਾਰਟੀ ਨੂੰ ਦਿੱਤੇ ਗਏ ਇਸ ਸ਼ਾਨਦਾਰ ਅਤੇ ਇਤਿਹਾਸਕ ਫਤਵੇ ਲਈ ਦਿੱਲੀ ਦੇ ਲੋਕਾਂ ਦਾ ਧੰਨਵਾਦ ਕਰਦੇ ਨੇ । ਸ੍ਰੀ ਮੋਦੀ ਨੇ ਕਿਹਾ ਕਿ ਇਹ ਭਾਜਪਾ ਦੀ ਗਰੰਟੀ ਏ ਕਿ ਪਾਰਟੀ ਦਿੱਲੀ ਦੇ ਵਿਕਾਸ, ਲੋਕਾਂ ਦੇ ਜੀਵਨ ਦੀ ਸਮੁੱਚੀ ਗੁਣਵਤਾ ‘ਚ ਸੁਧਾਰ ਅਤੇ ਇਹ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ ਕਿ ਇੱਕ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਦਿੱਲੀ ਮੋਹਰੀ ਭੂਮਿਕਾ ਨਿਭਾਏ । ਪ੍ਰਧਾਨ ਮੰਤਰੀ ਸ਼੍ਰੀ ਮੋਦੀ ਨੇ ਦਿੱਲੀ ਵਿਧਾਨ ਸਭਾ ਚੋਣਾਂ ਚ ਜਿੱਤ ਵਿੱਚ

ਪਾਰਟੀ ਵਰਕਰਾਂ ਦੇ ਯਤਨਾਂ ਦੀ ਸ਼ਲਾਘਾ ਵੀ ਕੀਤੀ । ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਦੇ ਸਾਰੇ ਵਰਕਰਾਂ 'ਤੇ ਮਾਣ ਏ ਜਿਨ੍ਹਾਂ ਨੇ ਸਖ਼ਤ ਮਿਹਨਤ ਕੀਤੀ ਅਤੇ ਸ਼ਾਨਦਾਰ ਨਤੀਜੇ ਹਾਸਲ ਕੀਤੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਹੋਰ ਵੀ ਦ੍ਰਿੜਤਾ ਨਾਲ ਕੰਮ ਕਰੇਗੀ ਅਤੇ ਦਿੱਲੀ ਦੇ ਲੋਕਾਂ ਦੀ ਸੇਵਾ ਕਰੇਗੀ।

--------------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਦਿੱਲੀ ਦੇ ਲੋਕਾਂ ਨੇ ਦਿਖਾ ਦਿੱਤਾ ਏ ਕਿ ਜਨਤਾ ਨੂੰ ਝੂਠੇ ਵਾਅਦਿਆਂ ਨਾਲ ਗੁੰਮਰਾਹ ਨਹੀਂ ਕੀਤਾ ਜਾ ਸਕਦਾ । ਦਿੱਲੀ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ 'ਤੇ ਪ੍ਰਤੀਕਰਮ ਦਿੰਦੀਆ , ਉਨ੍ਹਾਂ ਕਿਹਾ ਕਿ ਲੋਕਾਂ ਨੇ ਯਮੁਨਾ ਦੇ ਪ੍ਰਦੂਸ਼ਣ, ਪੀਣ ਵਾਲੇ ਗੰਦੇ ਪਾਣੀ, ਟੁੱਟੀਆਂ ਸੜਕਾਂ, ਭਰੇ ਨਾਲਿਆਂ ਅਤੇ ਹਰ ਗਲੀ ਵਿੱਚ ਸ਼ਰਾਬ ਦੀਆਂ ਦੁਕਾਨਾਂ ਦੇ ਵਿਰੁੱਧ ਵੋਟ ਦਿੱਤੀ ਏ। ਉਨ੍ਹਾਂ ਨੇ ਦਿੱਲੀ ਵਿੱਚ ਭਾਜਪਾ ਦੀ ਵੱਡੀ ਜਿੱਤ 'ਤੇ ਵਰਕਰਾਂ ਨੂੰ ਵਧਾਈ ਦਿੱਤੀ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਜਿੱਤ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਭਰੋਸੇ ਦੀ ਜਿੱਤ ਏ। ਲੋਕਾਂ ਨੇ ਪ੍ਰਧਾਨ ਮੰਤਰੀ ਦੀ ਭਰੋਸੇਯੋਗਤਾ ਅਤੇ ਚੰਗੇ ਸ਼ਾਸਨ ਦੀ ਰਾਜਨੀਤੀ ਵਿੱਚ ਭਰੋਸਾ ਜਤਾਇਆ ਏ । ਭਾਜਪਾ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਕਿ ਇਹ ਇਤਿਹਾਸਕ ਫਤਵਾ

ਦਿੱਲੀ ਦੇ ਉੱਜਵਲ ਭਵਿੱਖ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਦ੍ਰਿਸ਼ਟੀਕੋਣ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਏ।

-------------------------------------------------------------

ਅਮਰੀਕਾ ਤੋਂ ਪੰਜਾਬ ਦੇ ਰਹਿਣ ਵਾਲੇ ਭਾਰਤੀ ਨਾਗਰਿਕਾਂ ਦੀ ਵਤਨ ਵਾਪਸੀ ਤੋਂ ਬਾਅਦ ਪੈਦਾ ਹੋਏ ਗੈਰ-ਕਾਨੂੰਨੀ ਮਨੁੱਖੀ ਤਸਕਰੀ ਤੇ ਗੈਰ-ਕਾਨੂੰਨੀ ਪ੍ਰਵਾਸ ਦੇ ਮੁੱਦੇ ਦੀ ਗੰਭੀਰਤਾ ਤੇ ਢੁੱਕਵੀਂ ਜਾਂਚ ਲਈ ਪੰਜਾਬ ਪੁਲਿਸ ਨੇ ਚਾਰ ਮੈਂਬਰੀ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕੀਤਾ ਏ। ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਇਹ ਐਲਾਨ ਕਰਦੇ ਹੋਏ ਦੱਸਿਆ ਕਿ ਚਾਰ ਮੈਂਬਰੀ ਐਸ.ਆਈ.ਟੀ. ਦਾ ਗਠਨ ਗੈਰ ਵਸਨੀਕ ਭਾਰਤੀਆਂ ਦੇ ਮਾਮਲਿਆਂ ਬਾਰੇ ਏ.ਡੀ.ਜੀ.ਪੀ. ਪ੍ਰਵੀਨ ਸਿਨਹਾ ਦੀ ਅਗਵਾਈ ਹੇਠ ਕੀਤਾ ਗਿਆ ਏ। ਇਸ ਵਿਸ਼ੇਸ਼ ਜਾਂਚ ਟੀਮ ਦੇ ਮੈਂਬਰਾਂ ਵਿੱਚ ਏ.ਡੀ.ਜੀ.ਪੀ. ਅੰਦਰੂਨੀ ਸੁਰੱਖਿਆ ਸ਼ਿਵੇ ਕੁਮਾਰ ਵਰਮਾ, ਆਈ.ਜੀ.ਪੀ. ਪ੍ਰੋਵੀਜ਼ਨਿੰਗ ਡਾ. ਐਸ. ਬੂਪਤੀ ਅਤੇ ਡੀ.ਆਈ.ਜੀ. ਬਾਰਡਰ ਰੇਂਜ ਸਤਿੰਦਰ ਸਿੰਘ ਸ਼ਾਮਲ ਨੇ। ਇਹ ਐਸ.ਆਈ.ਟੀ. ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਦੀ ਪਛਾਣ ਕਰਨ ਅਤੇ ਅਜਿਹੇ ਵਿਅਕਤੀਆਂ ਦੀ ਜਵਾਬਦੇਹੀ ਤੈਅ ਕਰਨਾ ਯਕੀਨੀ ਬਣਾਏਗੀ। ਡੀਜੀਪੀ ਯਾਦਵ ਨੇ ਕਿਹਾ ਕਿ ਇਸ ਕਮੇਟੀ

ਨੂੰ ਕਾਨੂੰਨ ਅਤੇ ਤੱਥਾਂ ਅਨੁਸਾਰ ਢੁੱਕਵੀਂ ਕਾਰਵਾਈ ਕਰਨ ਅਤੇ ਗੈਰ-ਕਾਨੂੰਨੀ ਕੰਮਾਂ  ਅਤੇ ਗੈਰ-ਕਾਨੂੰਨੀ ਪ੍ਰਵਾਸ ਤੇ ਮਨੁੱਖੀ ਤਸਕਰੀ ਵਿੱਚ ਸ਼ਾਮਲ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਐਸ.ਆਈ.ਟੀ ਨੂੰ ਜਾਂਚ ਵਿੱਚ ਕਿਸੇ ਵੀ ਹੋਰ ਪੁਲਿਸ ਅਧਿਕਾਰੀ ਨੂੰ ਸ਼ਾਮਲ ਕਰਨ ਜਾਂ ਸਹਿਯੋਗ ਲੈਣ ਦਾ ਅਧਿਕਾਰ ਦਿੱਤਾ ਗਿਆ ਏ।

-----------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਸ਼ਹਿਰਾਂ ਦੇ ਨਾਗਰਿਕਾਂ ਨੂੰ ਸਾਫ਼-ਸੁਥਰਾ, ਬਿਹਤਰ ਅਤੇ ਆਧੁਨਿਕ ਸਹੂਲਤਾਂ ਪ੍ਰਦਾਨ ਕਰਕੇ "ਰੰਗਲਾ ਪੰਜਾਬ" ਦੇ ਸੁਪਨੇ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਏ। ਓਹ ਅੱਜ ਮਿਉਂਸੀਪਲ ਭਵਨ ਵਿਖੇ ਨਗਰ ਨਿਗਮ ਦੇ ਕਮਿਸ਼ਨਰਾਂ ਨਾਲ ਮੀਟਿੰਗ ਕਰਨ ਤੋਂ ਬਾਅਦ ਬੋਲ ਰਹੇ ਸਨ. ਇਸ ਮੀਟਿੰਗ'ਚ ਉਹਨਾਂ ਸਵੱਛ ਭਾਰਤ ਮਿਸ਼ਨ (ਸ਼ਹਿਰੀ), ਸਮਾਰਟ ਸਿਟੀ ਮਿਸ਼ਨ, ਪੰਜਾਬ ਸ਼ਹਿਰੀ ਚੁਗਿਰਦਾ ਸੁਧਾਰ ਪ੍ਰੋਗਰਾਮ, ਪੰਜਾਬ ਮਿਉਂਸੀਪਲ ਸਰਵਿਸਜ ਸੁਧਾਰ ਪ੍ਰੋਜੈਕਟ, ਐਮ.ਡੀ.ਐਫ ਸਮੇਤ ਵੱਖ-ਵੱਖ ਸਕੀਮਾਂ ਤਹਿਤ ਚੱਲ ਰਹੇ

ਕੰਮਾਂ ਦਾ ਜਾਇਜ਼ਾ ਲਿਆ| ਸੂਬੇ ਨੂੰ ਬਿਹਤਰ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੇ ਹੋਏ ਡਾ. ਰਵਜੋਤ ਸਿੰਘ ਨੇ ਵਿਕਾਸ ਕਾਰਜਾਂ ਲਈ ਅਲਾਟ ਕੀਤੇ ਫੰਡਾਂ ਨੂੰ ਬਿਨਾਂ ਕਿਸੇ ਦੇਰੀ ਦੇ ਜਲਦੀ ਤੋਂ ਜਲਦੀ ਇਸਤੇਮਾਲ ਕੀਤੇ ਜਾਣ ਦੇ ਨਿਰਦੇਸ਼ ਦਿੱਤੇ. ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਉੱਚ  ਪੱਧਰੀ ਮਿਆਰਾਂ ਨੂੰ ਕਾਇਮ ਰੱਖਦੇ ਹੋਏ ਵਿਕਾਸ ਪ੍ਰੋਜੈਕਟਾਂ ਨੂੰ ਨੇਪਰੇ ਚਾੜ੍ਹਨ ਵਿੱਚ ਤੇਜ਼ੀ ਲਿਆਉਣ। ਕੈਬਨਿਟ ਮੰਤਰੀ ਨੇ ਇਸ ਤੋਂ ਇਲਾਵਾ ਸਥਾਨਕ ਸਰਕਾਰਾਂ ਬਾਰੇ ਵਿਭਾਗ ਨਾਲ ਸਬੰਧਿਤ ਹੋਰ ਵੱਖ-ਵੱਖ ਅਹਿਮ ਮਾਮਲਿਆਂ ਜਿਵੇਂ ਕਿ ਬਿਲਡਿੰਗ ਪਲਾਨ ਦੀ ਪ੍ਰਵਾਨਗੀ, ਪਲਾਟਾ ਨੂੰ ਨਿਯਮਤ ਕਰਨ ਲਈ ਐਨ.ਓ.ਸੀ ਦੇ ਬਕਾਇਆ ਕੇਸਾਂ, ਆਵਾਰਾ ਪਸ਼ੂਆਂ ਦੇ ਪ੍ਰਬੰਧ,ਅਤੇ  ਏ ਬੀ ਸੀ ਪ੍ਰੋਗਰਾਮ ਆਦਿ ਬਾਰੇ ਵੇਰਵੇ ਨਾਲ ਚਰਚਾ ਕੀਤੀ ਗਈ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਪਲਾਟਾਂ ਨੂੰ ਨਿਯਮਤ ਕਰਨ ਲਈ ਐਨ.ਓ.ਸੀ ਅਤੇ ਬਿਲਡਿੰਗ ਪਲਾਨ ਦੀ ਪ੍ਰਵਾਨਗੀ ਸਬੰਧੀ ਸਾਰੇ ਪੈਡਿੰਗ ਕੇਸਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ, ਤਾਂ ਜੋ ਪ੍ਰਕਿਰਿਆ ਨੂੰ ਸਚਾਰੂ ਬਣਾਇਆ ਜਾ ਸਕੇ ਅਤੇ ਹੋਰ ਦੇਰੀ ਤੋਂ ਬਚਿਆ ਜਾ ਸਕੇ।  ਕੈਬਨਿਟ ਮੰਤਰੀ ਨੇ ਯੋਜਨਾਬੱਧ ਸ਼ਹਿਰੀ ਵਿਕਾਸ ਨੂੰ ਯਕੀਨੀ ਬਣਾਉਣ ਦੇ ਹਿੱਸੇ ਵਜੋਂ ਸ਼ਹਿਰਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਉਸਾਰੀ ਨੂੰ ਰੋਕਣ ਲਈ ਵੀ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ। ਉਨ੍ਹਾਂ ਸਪੱਸ਼ਟ

ਕੀਤਾ ਕਿ ਇਸ ਸਬੰਧੀ ਕਿਸੇ ਵੀ ਅਣਗਹਿਲੀ ਨਾਲ ਸਖ਼ਤੀ ਨਾਲ ਨਿਪਟਿਆ ਜਾਵੇਗਾ ਅਤੇ ਦੋਸ਼ੀ ਅਧਿਕਾਰੀਆਂ ਨੂੰ ਜਵਾਬਦੇਹ ਬਣਾਇਆ ਜਾਵੇਗਾ।

---------------------------------------------------------

ਵਿਧਾਨਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਕਹਿਣਾ ਏ ਕਿ ਪੰਜਾਬ ਵਿਧਾਨ ਸਭਾ, ਸਕੱਤਰੇਤ ਵਿੱਚ ਰਾਸ਼ਟਰੀ ਈ-ਵਿਧਾਨ ਐਪਲੀਕੇਸ਼ਨ (ਨੇਵਾ) ਪ੍ਰੋਜੈਕਟ ਸ਼ੁਰੂ ਕੀਤਾ ਗਿਆ ਏ ਅਤੇ ਪੰਜਾਬ ਵਿਧਾਨ ਸਭਾ ਵਿੱਚ ਹੋਣ ਵਾਲੇ ਸਮਾਗਮਾਂ ਦੀ ਕਾਰਵਾਈ ਨੂੰ ਕਾਗਜ ਰਹਿਤ ਬਣਾਇਆ ਗਿਆ ਏ। ਇਹ ਪੰਜਾਬ ਵਿਧਾਨ ਸਭਾ ਦੇ ਕੰਮਕਾਜ ਨੂੰ ਹੋਰ ਬਿਹਤਰ ਬਣਾਉਣ ਲਈ ਇੱਕ ਨਵੇਕਲਾ ਤੇ ਇਨਕਲਾਬੀ ਕਦਮ ਏ। ਓਹਨਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਡਿਜੀਟਾਈਜੇਸ਼ਨ ਸਦਕਾ ਵਿਧਾਇਕਾਂ ਦੀ ਜਨਤਾ ਦੇ ਪ੍ਰਮੁੱਖ ਮੁੱਦਿਆਂ ਨੂੰ ਉਠਾਉਣ ਵਿੱਚ ਕੁਸ਼ਲਤਾ ਹੋਰ ਵਧੇਗੀ ਅਤੇ ਵਿਧਾਨ ਸਭਾ ਦੇ ਕੰਮਕਾਜ ਨੂੰ ਕਾਗਜ਼ ਰਹਿਤ ਬਣਾਇਆ ਜਾਣਾ ਇੱਕ ਨਵੇਂ ਯੁੱਗ ਦੀ ਸੁਰੂਆਤ ਦਾ ਸੂਚਕ ਏ । ਓਹਨਾਂ ਇਹ ਵੀ ਕਿਹਾ ਕਿ ਪਾਰਦਰਸ਼ੀ ਅਤੇ ਜਵਾਬਦੇਹ ਢੰਗ ਨਾਲ ਜਾਣਕਾਰੀ ਸਾਂਝੀ ਕਰਨ ਦੇ ਮੱਦੇਨਜ਼ਰ ਫੈਸਲਿਆਂ ਅਤੇ ਰਿਕਾਰਡਾਂ ਨੂੰ ਟਰੈਕ ਕਰਨਾ ਹੁਣ ਆਸਾਨ ਹੋ ਗਿਆ ਏ। ਸਦਨ ਵਿੱਚ ਜਾਣਕਾਰੀ ਦੇ ਆਦਾਨ-ਪ੍ਰਦਾਨ ਨੂੰ ਆਸਾਨ ਬਣਾਉਣ ਲਈ 23 ਸਤੰਬਰ 2023 ਨੂੰ

ਪੰਜਾਬ ਵਿਧਾਨ ਸਭਾ ਵਿੱਚ ਰਾਸ਼ਟਰੀ ਈ-ਵਿਧਾਨ ਐਪਲੀਕਸ਼ਨ ਦਾ ਉਦਘਾਟਨ ਕੀਤਾ ਗਿਆ ਸੀ। ਰਾਸ਼ਟਰੀ ਈ-ਵਿਧਾਨ ਐਪਲੀਕੇਸਨ (ਨੇਵਾ) ਭਾਰਤ ਸਰਕਾਰ ਦਾ ਇੱਕ ਮਿਸ਼ਨ ਮੋਡ ਪ੍ਰੋਜੈਕਟ ਏ , ਜਿਸ ਤਹਿਤ ਦੇਸ਼ ਦੀਆਂ ਵੱਖ-ਵੱਖ ਵਿਧਾਨ ਸਭਾਵਾਂ ਦਾ ਕੰਮਕਾਜ ਕਾਗਜ ਰਹਿਤ ਢੰਗ ਨਾਲ ਕੀਤਾ ਜਾ ਰਿਹਾ ਏ ਅਤੇ ਇਸ ਪ੍ਰੋਜੈਕਟ ਦਾ ਉਦੇਸ਼ ਵਿਧਾਨ ਸਭਾਵਾਂ ਦੀ ਕਾਰਵਾਈ ਨੂੰ ਕੁਸ਼ਲ ਅਤੇ ਪਾਰਦਰਸੀ ਢੰਗ ਨਾਲ ਪੇਸ਼ ਕਰਨਾ ਏ ।

---------------------------------------------------------------------

ਪੰਜਾਬ ਦੇ ਸਰਕਾਰੀ ਤੇ ਗ਼ੈਰ ਸਰਕਾਰੀ ਸਕੂਲਾ ਦੇ, ਗ੍ਰੀਨ ਸਕੂਲ ਪ੍ਰੋਗਰਾਮ ਤਹਿਤ ਕਰਵਾਏ ਗਏ GSP ਆਡਿਟ 'ਚ, ਫਾਜ਼ਿਲਕਾ ਦੇ 11 ਸਰਕਾਰੀ ਸਕੂਲਾਂ ਨੂੰ, ਦਿਲੀ ਦੇ ਹੈਬੀਟੇਟ ਸੈਂਟਰ ਵਿਖੇ ਹੋਏ ਸਮਾਗਮ ਦੌਰਾਨ ਗ੍ਰੀਨ ਸਕੂਲ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਸਿਖਿਆ ਅਫਸਰ, ਬ੍ਰਿਜ ਮੋਹਨ ਸਿੰਘ ਬੇਦੀ ਅਤੇ ਉਪ ਜ਼ਿਲ੍ਹਾ ਸਿਖਿਆ ਅਫਸਰ ਪੰਕਜ ਅੰਗੀ ਨੇ ਕਿਹਾ ਕਿ ਸਰਕਾਰੀ ਸਕੂਲ ਬੁਨਿਆਦੀ ਢਾਂਚੇ, ਤ੍ਕਨੋਲ੍ਜੀ ਅਤੇ ਬੁਨਿਆਦੀ ਸਹੂਲਤਾਂ ਪੱਖੋਂ ਪੂਰੀ ਤਰ੍ਹਾਂ ਲੈਸ ਹੋਏ ਨੇ, ਜਿਸ ਸਦਕਾ ਇਹਨਾਂ ਸਰਕਾਰੀ ਸਕੂਲਾਂ ਨੂੰ ਗ੍ਰੀਨ ਸਕੂਲ ਐਵਾਰਡ ਨਾਲ ਨਿਵਾਜ਼ਿਆ ਗਿਆ ਏ. ਉਨ੍ਹਾਂ ਕਿਹਾ ਕਿ ਫਾਜ਼ਿਲਕਾ ਦੇ 11 ਸਰਕਾਰੀ ਸਕੂਲਾਂ ਨੂੰ ਇਹ ਮਾਣ ਹਾਸਲ ਹੋਣਾ

ਸਰਹੱਦੀ ਜ਼ਿਲ੍ਹੇ ਦੇ ਵਸਨੀਕਾਂ ਲਈ ਖੁਸ਼ੀ ਵਾਲੀ ਗੱਲ ਏ । ਦਿਲੀ ਵਿਖੇ ਸਨਮਾਨ ਸਮਾਰੋਹ ਦੌਰਾਨ ਐਵਾਰਡ ਲੈਣ ਮੌਕੇ ਸਿਖਿਆ ਵਿਭਾਗ ਤੋਂ ਜ਼ਿਲ੍ਹਾ ਨੋਡਲ ਅਫ਼ਸਰ ਈ.ਈ.ਪੀ. ਵਿਜੈ ਪਾਲ ਨੇ ਦੱਸਿਆ ਕਿ ਗ੍ਰੀਨ ਸਕੂਲ ਐਵਾਰਡ ਲਈ ਮਾਪਦੰਡਾਂ ਵਿਚ ਆਡਿਟ ਟੀਮ ਵੱਲੋਂ ਸਕੂਲਾ 'ਚ ਹਵਾ, ਪਾਣੀ, , ਭੋਜਨ ਦੀ ਗੁਣਵੱਤਾ, ਕੂੜਾ ਤੇ ਊਰਜਾ ਦੀਆ ਕਸੌਟੀਆ ਦੀ ਜਾਚ ਕੀਤੀ ਗਈ ਸੀ ਤੇ ਜਾਂਚ ਉਪਰੰਤ ਫਾਜ਼ਿਲਕਾ ਜ਼ਿਲੇਹ ਦੇ 11 ਸਕੁਲਾਂ ਦੀ ਚੋਣ ਹੋਈ.

-----------------------------------------------------------

ਪਾਕਿਸਤਾਨ ਤੋਂ ਹੈਰੋਇਨ ਦੀਆਂ ਖੇਪਾ ਮੰਗਾ ਕੇ ਭਾਰਤ ਭੇਜਣ ਵਾਲੇ ਕੁਝ ਫੌਜੀਆਂ ਨੂੰ ਕੁਝ ਦਿਨ ਪਹਿਲਾਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਗ੍ਰਿਫਤਾਰ ਕੀਤਾ ਸੀ ਅਤੇ ਉਹਨਾਂ ਤੋਂ ਪੁੱਛਗਿੱਛ ਦੌਰਾਨ ਉਨ੍ਹਾ ਦੇ ਇੱਕ ਹੋਰ ਸਾਥੀ ਸੰਦੀਪ ਸਿੰਘ ਨੂੰ ਪਟਿਆਲਾ ਤੋਂ ਗ੍ਰਿਫਤਾਰ ਕੀਤਾ। ਇਹ ਫੌਜੀ ਆਪਣੇ ਸਾਥੀਆਂ ਨਾਲ ਰਲ ਕੇ ਫੌਜ ਦੀਆਂ ਵੱਖ-ਵੱਖ ਯੂਨਿਟਾਂ ਅਤੇ ਬ੍ਰਿਗੇਡਾਂ ਦੀ ਖੂਫੀਆ ਜਾਣਕਾਰੀ ਪਾਕਿਸਤਾਨੀ ਖੂਫੀਆਂ ਏਜੰਸੀਆਂ ਨੂੰ ਭੇਜਦਾ ਸੀ। ਇਸ ਫੌਜੀ ਪਾਸੋਂ ਤਿੰਨ ਮੋਬਾਇਲ ਫੋਨ ਹਾਸਿਲ ਕੀਤੇ ਗਏ ਨੇ, ਜਿੰਨ੍ਹਾ ਦੀ ਫੋਰੈਂਸਿਕ ਜਾਂਚ ਜਾਰੀ ਏ । ਪੁਲਿਸ ਦਾ ਦੱਸਣਾ ਏ ਕਿ

ਇਹਨਾਂ ਦੇ ਇੱਕ ਹੋਰ ਸਾਥੀ ਨੂੰ ਗਿਰਫਤਾਰ ਕਰਨਾ ਬਾਕੀ ਏ ਤੇ ਜਲਦ ਉਸਨੂੰ ਵੀ ਗਿਰਫਤਾਰ ਕੀਤਾ ਜਾਵੇਗਾ।

--------------------------------------------------------

ਨਹਿਰੂ ਯੁਵਾ ਕੇਂਦਰ, ਲੁਧਿਆਣਾ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵਿਖੇ 3 ਫਰਵਰੀ ਤੋਂ 7 ਫਰਵਰੀ ਤੱਕ 5-ਦਿਨਾ "ਅੰਤਰਰਾਜੀ ਯੂਥ ਐਕਸਚੇਂਜ ਪ੍ਰੋਗਰਾਮ" ਕਰਾ ਰਿਹਾ ਏ. ਇਸ ਪ੍ਰੋਗਰਾਮ ਵਿੱਚ, ਉੱਤਰਾਖੰਡ ਤੋਂ 2 ਹਿੱਸੇਦਾਰਾਂ ਸਮੇਤ, 25 ਨੌਜਵਾਨ ਹਿੱਸਾ ਲੈ ਰਹੇ ਨੇ. ਇਸ ਨਿਵੇਕਲੇ ਉਪਾਅ ਰਾਹੀਂ, ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਸੱਭਿਆਚਾਰ, ਰਵਾਇਤਾਂ ਅਤੇ ਢੰਗ – ਤਰੀਕਿਆਂ ਦਾ ਗਿਆਨ, ਰਾਜਾਂ ਦਰਮਿਆਨ ਸਮਝ ਅਤੇ ਰਿਸ਼ਤੇ ਨੂੰ ਹੋਰ ਵਧਾਏਗਾ, ਜਿਸ ਨਾਲ ਭਾਰਤ ਦੀ ਏਕਤਾ ਅਤੇ ਅਖੰਡਤਾ ਨੂੰ ਮਜ਼ਬੂਤੀ ਮਿਲੇਗੀ। ਪ੍ਰੋਗਰਾਮ ਦਾ ਉਦੇਸ਼, ਵੱਖ-ਵੱਖ ਰਾਜਾਂ ਦੇ ਨੌਜਵਾਨਾਂ ਵਿੱਚ ਭਾਸ਼ਾ ਸਿੱਖਣ, ਆਪਣੇ ਪਾਸੇ ਦੇ ਖਾਣਿਆਂ ਨੂੰ ਸਾਂਝਾ ਕਰਨ, ਅਤੇ ਢਾਂਚਾਗਤ ਗਤੀਵਿਧੀਆਂ ਵਰਗੇ ਵੱਖ-ਵੱਖ ਮਾਧਿਅਮਾਂ ਰਾਹੀਂ ਸੱਭਿਆਚਾਰਕ ਵਟਾਂਦਰੇ ਦੀ ਸਹੂਲਤ ਦੇਣਾ ਅਤੇ ਆਪਸੀ ਸਮਝ ਨੂੰ ਵਧਾਉਣਾ ਏ. ਨਹਿਰੂ ਯੁਵਾ ਕੇਂਦਰ, ਲੁਧਿਆਣਾ ਦੇ ਡਿਪਟੀ ਡਾਇਰੈਕਟਰ, ਸ਼੍ਰੀਮਤੀ ਰਸ਼ਮੀਤ ਕੌਰ, ਨੇ ਦੱਸਿਆ ਕਿ ਇਸ 5-ਰੋਜ਼ਾ

ਪ੍ਰੋਗਰਾਮ ਵਿੱਚ, ਸੱਭਿਆਚਾਰਕ ਵਟਾਂਦਰੇ ਦੇ ਪ੍ਰੋਗਰਾਮ, ਜਾਗਰੂਕਤਾ ਸੈਸ਼ਨ, ਸਨਅਤੀ ਤੇ ਇਤਿਹਾਸਕ ਦੌਰੇ, ਟੀਮ ਬਿਲਡਿੰਗ ਅਭਿਆਸ ਆਦਿ ਸ਼ਾਮਲ ਨੇ. ਇਸ ਦੌਰਾਨ ਨਸ਼ਿਆਂ ਦੀ ਦੁਰਵਰਤੋਂ ਅਤੇ ਨਸ਼ਾ ਛੁਡਾਊ ਵਿਸ਼ੇ 'ਤੇ ਰਾਬਤੇ ਵਾਲੇ ਸੈਸ਼ਨ ਵੀ ਕਰਾਏ ਗਏ.

-----------------------------------------------------------

ਡਾਕਟਰ ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਟਿਊਟ ਆਫ ਟੈਕਨੋਲੋਜੀ - NIT ਜਲੰਧਰ 7 ਤੋਂ 9 ਫਰਵਰੀ ਤੱਕ ਬਾਸਕਟਬਾਲ ਅਤੇ ਟੇਬਲ ਟੇਨਿਸ ਵਿੱਚ ਸਾਰੇ ਭਾਰਤੀ ਇੰਟਰ NIT ਟੂਰਨਾਮੈਂਟ ਦੀ ਮੇਜ਼ਬਾਨੀ ਕਰ ਰਿਹਾ ਏ । ਇਹ ਮੁਕਾਬਲੇ ਡਾਕਟਰ ਬੀ.ਆਰ. ਅੰਬੇਡਕਰ NIT ਜਲੰਧਰ ਦੇ ਕੈਂਪਸ ਵਿੱਚ ਕਰਾਏ ਜਾਣਗੇ. ਭਾਰਤ ਦੇ 26 NITs ਤੋਂ 850 ਤੋਂ ਵੱਧ ਵਿਦਿਆਰਥੀਆਂ ਦੀ ਹਿੱਸੇਦਾਰੀ ਵਾਲੀਆਂ ਟੀਮਾਂ, ਬਾਸਕਟਬਾਲ ਅਤੇ ਟੇਬਲ ਟੇਨਿਸ ਦੇ ਇਹਨਾਂ ਮੁਕਾਬਲਿਆਂ ਵਿਚ ਖਿਤਾਬਾਂ ਲਈ ਮੈਦਾਨ 'ਚ ਨੇ. ਇਸ ਮੌਕੇ ਬੋਲਦਿਆਂ, ਜਲੰਧਰ ਦੇ ਡਾਇਰੈਕਟਰ, ਪ੍ਰੋਫੈਸਰ ਬਿਨੋਦ ਕੁਮਾਰ ਕਨੌਜੀਆ, ਨੇ ਪ੍ਰਤਿਸ਼ਠਿਤ ਮਿਕਾਬਲੇ ਦੀ ਮੇਜ਼ਬਾਨੀ ਤੇ ਉਤਸ਼ਾਹ ਜ਼ਾਹਿਰ ਕੀਤਾ. ਓਹਨਾਂ ਕਿਹਾ ਕਿ ਓਹਨਾਂ ਨੂੰ ਇਸ ਗੱਲ ਦੀ ਖੁਸ਼ੀ ਏ ਕਿ INSTITUTE, ਦੇਸ਼ ਦੇ 26 NITs ਤੋਂ 850 ਤੋਂ ਵੱਧ ਸਰਬੋਤਮ ਬਾਸਕਟਬਾਲ ਅਤੇ

ਟੇਬਲ ਟੇਨਿਸ ਦੀ ਮੇਜ਼ਬਾਨੀ ਕਰ ਰਿਹਾ ਏ। ਓਹਨਾਂ ਕਿਹਾ ਕਿ ਇਹ ਮੁਕਾਬਲੇ ਨਾ ਸਿਰਫ ਖਿਡਾਰੀ ਭਾਵਨਾ ਦਾ ਤਿਉਹਾਰ ਨੇ, ਸਗੋਂ ਸਾਡੇ ਵਿਦਿਆਰਥੀਆਂ ਲਈ ਆਪਣੇ ਹੁਨਰ ਨੂੰ ਦਰਸ਼ਾਉਣ ਅਤੇ ਹੋਰ NITs ਦੇ ਸਾਥੀਆਂ ਨਾਲ ਜੁੜਨ ਦਾ ਇੱਕ ਮੰਚ ਵੀ ਨੇ. ਮੁੱਖ ਮਹਿਮਾਨ ਸ੍ਰੀ ਸਵਪਨ ਸ਼ਰਮਾ ਨੇ NIT ਜਲੰਧਰ ਪ੍ਰਸ਼ਾਸਨ ਨੂੰ ਇੰਟਰ-NIT ਖੇਡ ਟੂਰਨਾਮੈਂਟ ਕਰਾਉਣ ਲਈ ਵਧਾਈ ਦਿੱਤੀ. ਉਨ੍ਹਾਂ ਨੇ ਇਹਨਾਂ ਖੇਡਾਂ 'ਚ ਹਿੱਸਾ ਲੈਣ ਵਾਲਿਆਂ ਨੂੰ ਖੇਡਾਂ ਵਿੱਚ ਆਪਣੀ ਪੂਰੀ ਕੋਸ਼ਿਸ਼ ਕਰਨ ਲਈ ਕਿਹਾ.

---------------------------------------------------------

- ਭਾਜਪਾ, 27 ਸਾਲਾਂ ਬਾਅਦ ਦਿੱਲੀ ਵਿੱਚ ਸਰਕਾਰ ਬਣਾਉਣ ਵਲ ਵਧ ਰਹੀ ਏ.
- ਪੰਜਾਬ ਦੇ ਰਹਿਣ ਵਾਲੇ ਭਾਰਤੀ ਨਾਗਰਿਕਾਂ ਦੀ ਅਮਰੀਕਾ ਤੋਂ ਵਤਨ ਵਾਪਸੀ ਤੋਂ ਬਾਅਦ ਪੈਦਾ ਹੋਏ ਗੈਰ-ਕਾਨੂੰਨੀ ਮਨੁੱਖੀ ਤਸਕਰੀ ਤੇ ਗੈਰ-ਕਾਨੂੰਨੀ ਪ੍ਰਵਾਸ ਦੇ ਮੁੱਦੇ ਦੀ ਢੁੱਕਵੀਂ ਜਾਂਚ ਲਈ ਪੰਜਾਬ ਪੁਲਿਸ ਨੇ ਚਾਰ ਮੈਂਬਰੀ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਏ।

- ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਨਗਰ ਨਿਗਮਾਂ ਦੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਲਈ ਫੰਡਾਂ ਨੂੰ ਤੁਰੰਤ ਇਸਤੇਮਾਲ ਦੇ ਦਿੱਤੇ ਨਿਰਦੇਸ਼.
- ਨੇਵਾ’ ਪ੍ਰੋਜੈਕਟ ਦੀ ਸ਼ੁਰੂਆਤ ਨਾਲ ਪੰਜਾਬ ਵਿਧਾਨ ਸਭਾ ਹੋਈ ਕਾਗਜ਼ ਰਹਿਤ :
- ਫਾਜ਼ਿਲਕਾ ਜ਼ਿਲ੍ਹੇ ਦੇ, ਗ੍ਰੀਨ ਸਕੂਲ ਪ੍ਰੋਗਰਾਮ ਦੇ ਮਾਪਦੰਡ ਪੂਰੇ ਕਰਨ ਵਾਲੇ, 11 ਸਰਕਾਰੀ ਸਕੂਲ, ਦਿੱਲੀ ਵਿਖੇ ਐਵਾਰਡ ਨਾਲ ਸਨਮਾਨਿਤ ਹੋਏ.